ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ

ਮਿਤੀ 10 ਦਸੰਬਰ ਮੰਗਲਵਾਰ 2024

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ





ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS


## ਚੰਡੀਗੜ੍ਹ ਦੀ ਹਰਮੀਤ ਢਿੱਲੋਂ ਨੂੰ ਟਰੰਪ ਨੇ ਸਹਾਇਕ ਅਟਾਰਨੀ ਜਨਰਲ ਵਜੋਂ ਨਾਮਜ਼ਦ ਕੀਤਾ



ਵਾਸ਼ਿੰਗਟਨ, 10 ਦਸੰਬਰ(ਵਿਸ਼ਵ ਪੰਜਾਬੀ ਸਾਂਝ ਕੈਨੇਡਾ) -ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਸੋਮਵਾਰ ਨੂੰ ਭਾਰਤੀ-ਅਮਰੀਕੀ ਹਰਮੀਤ ਕੇ ਢਿੱਲੋਂ ਨੂੰ ਨਿਆਂ ਵਿਭਾਗ ਵਿੱਚ ਸਿਵਲ ਰਾਈਟਸ ਲਈ ਸਹਾਇਕ ਅਟਾਰਨੀ ਜਨਰਲ ਵਜੋਂ ਨਾਮਜ਼ਦ ਕੀਤਾ ਹੈ। ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ਸੋਸ਼ਲ 'ਤੇ ਟਰੰਪ ਨੇ ਲਿਖਿਆ ਕਿ, "ਮੈਂ ਹਰਮੀਤ ਕੇ. ਢਿੱਲੋਂ ਨੂੰ ਅਮਰੀਕੀ ਨਿਆਂ ਵਿਭਾਗ ਵਿੱਚ ਸਿਵਲ ਰਾਈਟਸ ਲਈ ਸਹਾਇਕ ਅਟਾਰਨੀ ਜਨਰਲ ਵਜੋਂ ਨਾਮਜ਼ਦ ਕਰਕੇ ਖੁਸ਼ ਹਾਂ।" ਉਨ੍ਹਾਂ ਕਿਹਾ "ਆਪਣੇ ਪੂਰੇ ਕੈਰੀਅਰ ਦੌਰਾਨ, ਹਰਮੀਤ ਸਾਡੀਆਂ ਨਾਗਰਿਕ ਆਜ਼ਾਦੀਆਂ ਦੀ ਰੱਖਿਆ ਲਈ ਲਗਾਤਾਰ ਖੜ੍ਹੀ ਰਹੀ ਹੈ ਟਰੰਪ ਨੇ ਕਿਹਾ ਕਿ ਹਰਮੀਤ ਦੇਸ਼ ਦੇ ਚੋਟੀ ਦੇ ਚੋਣਵੇਂ ਵਕੀਲਾਂ ਵਿੱਚੋਂ ਇੱਕ ਹੈ, ਜੋ ਇਹ ਯਕੀਨੀ ਬਣਾਉਣ ਲਈ ਲੜ ਰਹੀ ਹੈ ਕਿ ਸਾਰੀਆਂ ਅਤੇ ਸਿਰਫ਼ ਕਾਨੂੰਨੀ ਵੋਟਾਂ ਦੀ ਗਿਣਤੀ ਕੀਤੀ ਜਾਵੇ। ਉਹ ਡਾਰਟਮਾਊਥ ਕਾਲਜ ਅਤੇ ਯੂਨੀਵਰਸਿਟੀ ਆਫ ਵਰਜੀਨੀਆ ਲਾਅ ਸਕੂਲ ਦੀ ਗ੍ਰੈਜੂਏਟ ਹੈ ਅਤੇ ਯੂ.ਐਸ ਫੋਰਥ ਸਰਕਟ ਕੋਰਟ ਆਫ ਅਪੀਲਜ਼ ਵਿੱਚ ਕਲਰਕ ਹੈ।

## ਕੈਨੇਡਾ ਦੀ ਟਰੂਡੋ ਸਰਕਾਰ ਵਿਰੁੱਧ ਟੋਰੀਆਂ ਦਾ ਆਖ਼ਰੀ ਬੇਭਰੋਸਗੀ ਮਤਾ ਵੀ ਠੁੱਸ



ਵੈਨਕੂਵਰ 10 ਦਸੰਬਰ(ਵਿਸ਼ਵ ਪੰਜਾਬੀ ਸਾਂਝ ਕੈਨੇਡਾ) - ਕੈਨੇਡਾ ਦੀ ਘੱਟਗਿਣਤੀ ਜਸਟਿਨ ਟਰੂਡੋ ਸਰਕਾਰ ਵਿਰੁੱਧ ਵਿਰੋਧੀ ਕੰਜ਼ਰਵੇਟਿਵ ਪਾਰਟੀ ਆਗੂ ਪੀਅਰ ਪੋਲਿਵਰ ਵਲੋਂ ਸੋਮਵਾਰ ਨੂੰ ਸੰਸਦ ਵਿੱਚ ਪੇਸ਼ ਕੀਤਾ ਗਿਆ ਤੀਜਾ ਤੇ ਆਖ਼ਰੀ ਬੇਭਰੋਸਗੀ ਮਤਾ ਵੀ ਫੇਲ੍ਹ ਹੋ ਗਿਆ। ਉਸ ਵਲੋਂ ਪਿਛਲੇ ਮਹੀਨਿਆਂ ਵਿੱਚ ਦੋ ਵਾਰ ਇੰਝ ਦੇ ਮਤੇ ਪੇਸ਼ ਕੀਤੇ ਗਏ ਸਨ, ਜਿਨ੍ਹਾਂ ਦਾ ਕਿਸੇ ਹੋਰ ਪਾਰਟੀ ਵਲੋਂ ਸਮਰਥਨ ਨਾ ਕੀਤੇ ਜਾਣ ਕਾਰਨ ਉਹ ਠੁੱਸ ਹੋ ਗਏ ਸਨ। ਵਿਰੋਧੀ ਆਗੂ ਵਲੋਂ ਅਚਾਨਕ ਇਹ ਆਖਰੀ ਦਾਅ ਇਸ ਕਰਕੇ ਖੇਡਿਆ ਗਿਆ ਕਿ ਸਰਕਾਰ ਸਮਰਥਕ ਐਨ.ਡੀ.ਪੀ ਆਗੂ ਜਗਮੀਤ ਸਿੰਘ ਵਲੋਂ ਸਰਕਾਰ 'ਤੇ ਜ਼ੋਰ ਪਾਇਆ ਜਾ ਰਿਹਾ ਹੈ ਕਿ ਜੀਐਸਟੀ ਦੀ ਛੋਟ ਅਤੇ ਢਾਈ ਸੌ ਡਾਲਰ ਦੀ ਰਾਹਤ ਅਦਾਇਗੀ ਵਿੱਚ ਪੈਨਸ਼ਨ ਅਧਾਰਤ ਬਜ਼ੁਰਗਾਂ ਨੂੰ ਵੀ ਜੋੜਿਆ ਜਾਵੇ। ਜਗਮੀਤ ਸਿੰਘ ਵਲੋਂ ਇਸ ਬਾਰੇ ਸਰਕਾਰ ਤੋਂ ਮੰਗ ਕੀਤੀ ਗਈ ਹੈ। ਸਿਆਸੀ ਸੂਝ ਵਾਲੇ ਲੋਕਾਂ ਦਾ ਮੰਨਣਾ ਹੈ ਕਿ ਵਿਰੋਧੀ ਆਗੂ ਨੇ ਜਗਮੀਤ ਸਿੰਘ ਦੀ ਇਸ ਨਾਰਾਜ਼ਗੀ ਦਾ ਫਾਇਦਾ ਚੁੱਕਣ ਦੀ ਤਾਕ ਵਿੱਚ ਹੀ ਬੇਭਰੋਸਗੀ ਮਤਾ ਪੇਸ਼ ਕੀਤਾ ਹੋਵੇਗਾ, ਜਿਸ ਵਿੱਚ ਅਸਫਲ ਹੋਣ ਕਰਕੇ ਉਸ ਨੇ ਆਪਣਾ ਆਖ਼ਰੀ ਮੌਕਾ ਵੀ ਗਵਾ ਲਿਆ ਹੈ।

## ਘਰ ਮੂਹਰੇ ਗੋਲੀਆਂ ਨਾਲ ਮਾਰੇ ਗਏ ਵਿਅਕਤੀ ਦੀ ਪਛਾਣ ਪੰਜਾਬੀ ਨੌਜੁਆਨ ਵਜੋਂ ਹੋਈ

ਵੈਨਕੂਵਰ, 10 ਦਸੰਬਰ-ਚਾਰ ਦਿਨ ਪਹਿਲਾਂ ਬਰੈਂਪਟਨ ਵਿੱਚ ਘਰ ਮੂਹਰਿਉਂ ਬਰਫ ਹਟਾਉਂਣ ਮੌਕੇ ਮਾਰੇ ਗਏ ਵਿਅਕਤੀ ਦੀ ਪਛਾਣ ਜਾਰੀ ਕਰਦਿਆਂ ਪੁਲੀਸ ਨੇ ਦੱਸਿਆ ਕਿ ਮਰਨ ਵਾਲਾ 26 ਸਾਲਾਂ ਦਾ ਪ੍ਰਿਤਪਾਲ ਸਿੰਘ ਸੀ, ਜਿਸ ਨੇ ਥੋੜ੍ਹੇ ਦਿਨ ਪਹਿਲਾਂ ਉਹ ਘਰ ਕਿਰਾਏ 'ਤੇ ਲਿਆ ਸੀ। ਉਸ ਤੋਂ ਪਹਿਲਾਂ ਉਹ ਘਰ ਇੱਕ ਸਾਲ ਵਿਕਰੀ 'ਤੇ ਲੱਗਾ ਹੋਣ ਕਾਰਨ ਖਾਲੀ ਰਿਹਾ, ਪਰ ਗਾਹਕ ਨਾ ਮਿਲਣ ਕਰਕੇ ਮਾਲਕ ਨੇ ਘਰ ਕਿਰਾਏ 'ਤੇ ਚਾੜ੍ਹ ਦਿੱਤਾ ਸੀ।

ਪੁਲਿਸ ਬੁਲਾਰੇ ਰਿਚਰਡ ਚਿਨ ਨੇ ਦੱਸਿਆ ਕਿ ਕੰਕੌਰਡ ਡਰਾਇਵ 'ਤੇ ਓਡੀਅਨ ਸਟਰੀਟ ਸਥਿਤ ਘਰ 'ਚ ਰਹਿੰਦਾ ਪ੍ਰਿਤਪਾਲ ਤੇ ਉਸਦਾ ਸਾਥੀ ਰਾਤ 11 ਵਜੇ ਘਰ ਮੂਹਰਿਉਂ ਬਰਫ ਹਟਾ ਰਹੇ ਸਨ ਤਾਂ ਕਾਰ 'ਚ ਆਏ ਦੋ ਜਣਿਆਂ ਵਲੋਂ ਅੰਨ੍ਹੇਵਾਹ ਗੋਲੀਬਾਰੀ ਕੀਤੀ ਗਈ। ਪ੍ਰਿਤਪਾਲ ਨੂੰ ਕਈ ਗੋਲੀਆਂ ਲੱਗਣ ਕਰ ਕੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੂਜੇ ਨੂੰ ਆਪਣੇ ਬਚਾਅ ਲਈ ਭੱਜਦੇ ਹੋਏ ਗੋਲੀ ਵੱਜੀ।

## ਬਰੈਂਪਟਨ ਕੈਸ਼ ਐਂਡ ਕੈਰੀ ਦੀ ਧਮਾਲ ਆਫ਼ਰ, ਖਰੀਦਦਾਰੀ ਕਰੋਂ ਇਨਾਮ ਜਿੱਤੋ

ਬਰੈਂਪਟਨ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)- ਬਰੈਂਪਟਨ ਕੈਸ਼ ਐਂਡ ਕੈਰੀ (100 ਕੈਨੇਡੀ ਰੋਡ) ਵੱਲੋਂ ਕ੍ਰਿਸਮਸ ਅਤੇ ਨਵੇਂ ਸਾਲ ਦੇ ਮੌਕੇ ਤੇ ਖਰੀਦਦਾਰਾਂ ਲਈ ਧਮਾਲ ਆਫਰ ਲੈ ਕੇ ਆਇਆ। ਇਸ ਆਫ਼ਰ ਦੇ ਤਹਿਤ ਤੁਹਾਡੇ ਵੱਲੋਂ ਕੀਤੀ ਗਈ ਖਰੀਦਦਾਰੀ ਤੇ ਤੁਹਾਨੂੰ 5 ਤਰਾਂ ਦੇ ਇਨਾਮ ਜਿਵੇਂ 65 ਇੰਚ ਐਲ.ਈ.ਡੀ ਟੀ.ਵੀ, ਮਾਈਕ੍ਰੋਵੇਵ, ਮਿਕਸਰ ਗਰਾਇੰਡਰ, ਫੂਡ ਪ੍ਰੋਸੈਸਰ, ਇਲੈਕਟ੍ਰਿਕ ਪ੍ਰੈਸ ਜਿੱਤਣ ਦਾ ਮੌਕਾ ਮਿਲੇਗਾ, ਤਾਂ ਫਿਰ ਦੇਰੀ ਕਿਸ ਗੱਲ ਦੀ ਤੁਰੰਤ ਬਰੈਂਪਟਨ ਕੈਸ਼ ਐਂਡ ਕੈਰੀ ਦੇ 100 ਕੈਨੇਡੀ ਰੋਡ ਸਥਿਤ ਆਊਟਲੈੱਟ ਤੇ ਪਹੁੰਚੋ ਤੇ ਖਰੀਦਦਾਰੀ ਕਰਕੇ ਆਪਣਾ ਫੋਨ ਨੰਬਰ ਰਜਿਸਟਰਡ ਕਰੋ। ਇਸ ਆਫ਼ਰ ਤਹਿਤ 31 ਦਸੰਬਰ ਨੂੰ ਡਰਾਅ ਕੱਢੇ ਜਾਣਗੇ।


HOMELIFE Homelife Silvercity Realty Inc., Brokerage
KANWAR BRAR
Broker
Direct: 416-737-4971
Office: 905.913.8500
Email: kanwarjitbrar@hotmail.com
11775 Bramalea Rd # 201, Brampton, Ontario L6R 3Z4
"Success Is Never Final"


AXLE Car Rental
Enjoy The Ride!
905.917.0818
We Provide: • Insurance Replacement Rental
• We Deal With All Insurance Companies
• All New Models of Cars, Suv's & Mini Vans
• Free Local Shuttle Service
axlecarrental@gmail.com
www.AxleCarRental.com
1365 Mid-Way Blvd. Unit 10, Mississauga, ON L5T 2J5

AMYRA ACADEMY
Hair & Esthetics
Our Courses
HAIR STYLING DIPLOMA
MEDICAL ESTHETICS DIPLOMA
905-399-6110, 647-713-3133
amyraacademy@outlook.com
www.amyraacademy.com
114 Kennedy Road Unit 2 Brampton Ontario, L6W 3E7
amyraacademy
amyraacademy

TEAM GET SOLD
INDER ARORA (BROKER) (416) 525.7400
RAMAN KATHURIA (BROKER) (416) 709.6100

Weight 10 Pond
Price $5.99
BRAMPTON CASH & CARRY
BramptonCashandCarry2023@gmail.co
KENNEDY ROAD S., BRAMPTON ON L6W 3E7, CANADA
905-230-4800

# ਇਕ ਦੇਸ਼ ਇਕ ਚੋਣ ਬਿੱਲ ਲਿਆਉਣ ਦੀ ਤਿਆਰੀ ਵਿੱਚ ਸਰਕਾਰ



ਨਵੀਂ ਦਿੱਲੀ, 10 ਦਸੰਬਰ(ਜਸਵਿੰਦਰ ਸਿੰਘ ਬਿੱਟਾ)-ਕੇਂਦਰ ਦੀ ਮੋਦੀ ਸਰਕਾਰ ਆਪਣੀ 'ਇਕ ਮੁਲਕ, ਇਕ ਚੋਣ' ਪਹਿਲਕਦਮੀ ਤਹਿਤ ਮੌਜੂਦਾ ਸੰਸਦ ਦੇ ਸੈਸ਼ਨ ਵਿਚ ਇਸ ਬਿੱਲ ਨੂੰ ਪੇਸ਼ ਕਰਨ ਦੀ ਤਿਆਰੀ ਕਰ ਰਹੀ ਹੈ। ਸੂਤਰਾਂ ਨੇ ਦੱਸਿਆ ਕਿ ਇਸ ਸਬੰਧੀ ਮੰਤਰੀ ਮੰਡਲ ਨੇ ਰਾਮ ਨਾਥ ਕੋਵਿੰਦ ਕਮੇਟੀ ਦੀ ਰਿਪੋਰਟ ਨੂੰ ਪਹਿਲਾਂ ਹੀ ਮਨਜ਼ੂਰੀ ਦੇ ਦਿੱਤੀ ਹੈ ਜਿਸ ਵਿਚ ਦੇਸ਼ ਭਰ 'ਚ ਇੱਕੋ ਸਮੇਂ ਚੋਣਾਂ ਕਰਵਾਉਣ ਦੀ ਗੱਲ ਕਹੀ ਗਈ ਹੈ। ਕੇਂਦਰ ਸਰਕਾਰ ਇਸ ਬਿੱਲ 'ਤੇ ਸਹਿਮਤੀ ਬਣਾਉਣ ਦੀ ਯੋਜਨਾ ਬਣਾ ਰਹੀ ਹੈ ਜਿਸ ਤਹਿਤ ਇਸ 'ਤੇ ਚਰਚਾ ਕਰਨ ਲਈ ਸੰਯੁਕਤ ਸੰਸਦੀ ਕਮੇਟੀ (ਜੇਪੀਸੀ) ਕੋਲ ਭੇਜਿਆ ਜਾਵੇਗਾ। ਇਸ ਤੋਂ ਇਲਾਵਾ ਵਿਧਾਨ ਸਭਾ ਦੇ ਸਪੀਕਰਾਂ, ਬੁੱਧੀਜੀਵੀਆਂ ਸਮੇਤ ਹੋਰ ਹਿੱਸੇਦਾਰਾਂ ਤੋਂ ਵੀ ਵਿਚਾਰ ਮੰਗੇ ਜਾਣਗੇ ਤੇ ਆਮ ਲੋਕਾਂ ਤੋਂ ਵੀ ਰਾਏ ਮੰਗੀ ਜਾ ਸਕਦੀ ਹੈ। ਇਸ ਤੋਂ ਪਹਿਲਾਂ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਕਿਹਾ ਸੀ ਕਿ ਇਕ ਦੇਸ਼-ਇਕ ਚੋਣ ਦਾ ਵਿਚਾਰ ਭਾਰਤੀ ਸੰਘ ਅਤੇ ਉਸ ਦੇ ਸਾਰੇ ਸੂਬਿਆਂ 'ਤੇ ਹਮਲਾ ਹੈ।




# "ਅਮਰੀਕਾ ਵਿੱਚ ਮਿਲ ਜਾਣ ਕੈਨੇਡਾ-ਮੈਕਸੀਕੋ" !



ਵਾਸ਼ਿੰਗਟਨ, 10 ਦਸੰਬਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਅਮਰੀਕਾ ਦੇ ਨਵੇਂ ਨਿਯੁਕਤ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਤਵਾਰ ਨੂੰ ਕਿਹਾ ਕਿ ਜੇਕਰ ਅਸੀਂ ਕੈਨੇਡਾ ਅਤੇ ਮੈਕਸੀਕੋ ਨੂੰ ਸਬਸਿਡੀ ਦੇ ਰਹੇ ਹਾਂ ਤਾਂ ਦੋਨਾਂ ਦੇਸ਼ਾਂ ਨੂੰ ਅਮਰੀਕਾ ਦਾ ਹਿੱਸਾ ਬਣ ਜਾਣਾ ਚਾਹੀਦਾ। ਅਮਰੀਕਾ ਆਪਣੇ ਦੋਵੇਂ ਗੁਆਢੀ ਦੇਸ਼ ਕੈਨੇਡਾ ਅਤੇ ਮੈਕਸੀਕੋ ਨੂੰ 100 ਅਰਬ ਡਾਲਰ ਅਤੇ 300 ਅਰਬ ਡਾਲਰ ਦੀ ਸਬਸਿਡੀ ਦੇ ਰਿਹਾ। ਟਰੰਪ ਨੇ ਧਮਕੀ ਦਿੱਤੀ ਕਿ ਜੇਕਰ ਕੈਨੇਡਾ ਅਤੇ ਮੈਕਸੀਕੋ ਨੇ ਆਪਣੇ-ਆਪਣੇ ਖੇਤਰਾਂ ਤੋਂ ਅਮਰੀਕਾਂ ਵਿੱਚ ਗੈਰ ਕਾਨੂੰਨੀ ਅਪ੍ਰਵਾਸੀਆਂ ਦੇ ਦਾਖਲੇ ਨੂੰ ਨਹੀਂ ਰੋਕਿਆ ਤਾਂ ਇਹਨਾਂ ਦੋਨਾਂ ਦੇਸ਼ਾਂ ਤੇ ਭਾਰੀ ਜ਼ੁਰਮਾਨਾ ਲਗਾ ਦਿੱਤਾ ਜਵੇਗਾ।

ਟਰੰਪ ਨੇ ਇਕ ਗੱਲਬਾਤ ਦੌਰਾਨ ਕਿਹਾ ਕਿ ਅਸੀਂ ਦੋਨਾਂ ਦੇਸ਼ਾਂ ਨੂੰ ਭਾਰੀ ਸਬਸਿਡੀ ਦੇ ਰਹੇ ਹਾ। ਸਾਨੂੰ ਸਬਸਿਡੀ ਨਹੀਂ ਦੇਣੀ ਚਾਹੀਦੀ। ਅਸੀਂ ਇਹਨਾਂ ਦੋਨਾਂ ਦੇਸ਼ਾਂ ਨੂੰ ਸਬਸਿਡੀ ਕਿਉਂ ਦੇ ਰਹੇ ਹਾ ਟਰੰਪ ਨੇ ਕੁਝ ਅਮਰੀਕੀ ਸੀ.ਈ.ਓ ਦੀ ਇਸ ਟਿੱਪਣੀ ਦਾ ਖੰਡਨ ਕੀਤਾ ਕਿ ਜ਼ੁਰਮਾਨੇ ਨਾਲ ਅਮਰੀਕਾ ਨੂੰ ਨੁਕਸਾਨ ਹੋਵੇਗਾ ਅਤੇ ਆਮ ਵਸਤੂਆਂ ਦੀ ਕੀਮਤੀ ਵਧੇਗੀ। ਉਹਨਾਂ ਕਿਹਾ ਕਿ, ਇਸਦਾ ਅਮਰੀਕੀਆਂ ਤੇ ਕੋਈ ਅਸਰ ਨਹੀਂ ਪਵੇਗਾ। ਜੇਕਰ ਸਾਨੂੰ ਯੁੱਧ ਨਾਲ ਹੋਰ ਚੀਜ਼ਾਂ ਦੇ ਨਾਲ ਜੁਰਮਾਨੇ ਨਾਲ ਜੁੜੀਆਂ ਸਮੱਸਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਮੈਂ ਯੁੱਧ ਦਾ ਜਵਾਬ ਜ਼ੁਰਮਾਨੇ ਨਾਲ ਦੇਣਾ ਚਾਹਾਂਗਾ। ਇਸਦੇ ਇਲਾਵਾ ਟਰੰਪ ਨੇ ਕਿਹਾ ਕਿ ਅਸੀਂ ਲੋਕ ਅਮਰੀਕਾ ਆਉਣਾ ਆਸਾਨ ਬਣਾਉਣ ਜਾ ਰਹੇ ਹਾਂ, ਪਰ ਇਸਦੇ ਲਈ ਉਨ੍ਹਾਂ ਨੂੰ ਪ੍ਰੀਖਿਆ ਵਿੱਚੋਂ ਲੰਘਣਾ ਹੋਵੇਗਾ।

**ਗੈਰ ਪ੍ਰਵਾਸੀਆਂ ਨੂੰ ਉਹਨਾਂ ਦੇ ਦੇਸ਼ ਭੇਜਣ ਤੇ ਜ਼ੋਰ : ਟਰੰਪ**

ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸਾਰੇ ਗੈਰ ਪ੍ਰਵਾਸੀਆਂ ਨੂੰ ਉਹਨਾਂ ਦੇ ਦੇਸ਼ ਵਾਪਸ ਭੇਜੇ ਜਾਣ ਤੇ ਜ਼ੋਰ ਦਿੱਤਾ। ਟਰੰਪ ਨੇ ਕਿਹਾ ਕਿ ਉਹ ਓਵਲ ਆਫਿਸ (ਰਾਸ਼ਟਪਤੀ ਦਾ ਕਾਰਜ਼ਕਾਰੀ ਦਫ਼ਤਰ) ਵਿੱਚ ਦਾਖ਼ਲ ਹੋਣ ਦੇ ਬਾਅਦ ਗੈਰ ਪ੍ਰਵਾਸੀਆਂ ਨੂੰ ਉਹਨਾਂ ਦੇ ਦੇਸ਼ ਵਾਪਸ ਭੇਜੇ ਜਾਣ ਦੀ ਯੋਜਨਾ ਨੂੰ ਅੱਗੇ ਵਧਾਉਣਗੇ।

## ਜਨਮ ਸਿੱਧ ਨਾਗਰਿਕਤਾ ਖ਼ਤਮ ਕਰਨ ਦੀ ਯੋਜਨਾ

ਟਰੰਪ ਨੇ ਕਿਹਾ ਕਿ ਉਹ ਦੇਸ਼ ਦੀ ਜਨਮ ਸਿੱਧ ਨਾਗਰਿਕਤਾ ਨੂੰ ਸਮਾਪਤ ਕਰਨ ਦੀ ਯੋਜਨਾ ਬਣਾ ਰਹੇ ਹਨ । ਇਹ ਅਮਰੀਕੀ ਸੰਵਿਧਾਨ ਦੇ 14 ਵੇਂ ਸੰਸ਼ੋਧਨ ਵਿੱਚ ਸ਼ਾਮਲ ਹੈ । ਇਸ ਫ਼ੈਸਲੇ ਨਾਲ ਉਹਨਾਂ ਦੇ ਅਧਿਕਾਰ ਖੋਹੇ ਜਾਣਗੇ, ਜੋ ਸਹੀ ਦਸਤਾਵੇਜ਼ ਦੇ ਬਿਨਾਂ ਅਮਰੀਕਾ ਵਿੱਚ ਮਾਤਾ-ਪਿਤਾ ਤੋਂ ਪੈਦਾ ਹੋਏ ਹਨ। ਟਰੰਪ ਨੇ ਕਿਹਾ ਕਿ ਇਹ ਮੁਸ਼ਕਲ ਤਾਂ ਹੈ, ਪਰ ਉਹ ਇਸ ਨੂੰ ਖ਼ਤਮ ਕਰ ਦੇਣਗੇ। ਉਨਾਂ ਸੰਕੇਤ ਦਿੱਤਾ ਕਿ ਉਹ ਆਪਣੇ ਪਹਿਲੇ ਦਿਨ ਹੀ ਕੰਮਕਾਜੀ ਹੁਕਮ ਦਾ ਇਸਤੇਮਾਲ ਕਰ ਸਕਦੇ ਹਨ, ਤੇ ਉਹਨਾਂ ਸੰਵੈਧਾਨਿਕ ਸੰਸ਼ੋਧਨ ਦੀ ਸੰਭਾਵਨਾ ਦਾ ਵੀ ਉਲੇਖ ਕੀਤਾ।





















# ਹੁਣ ਭਾਰਤੀ ਵੀਜਾ ਤੇ ਆਸਾਨ ਹੋਈ ਵਿਦੇਸ਼ਾਂ ਦੀ ਸੈਰ

ਨਵੀਂ ਦਿੱਲੀ, 10 ਦਸੰਬਰ (ਜਸਵਿੰਦਰ ਸਿੰਘ ਬਿੱਟਾ)- ਦੁਨੀਆਂ ਵਿੱਚ ਭਾਰਤੀ ਪਾਸਪੋਰਟ ਦੀ ਅਹਿਮੀਅਤ ਹੁਣ ਵਧਣ ਲੱਗੀ ਹੈ। ਇਸਦਾ ਸਿੱਟਾ ਇਹ ਹੈ ਕਿ 142 ਦੇਸ਼ਾਂ ਨੇ ਵੀਜਾ ਪ੍ਰਕਿਰਿਆ ਆਸਾਨ ਕਰ ਦਿੱਤੀ ਹੈ। ਇਹ ਦੇਸ਼ ਹੁਣ ਵੀਜ਼ਾ ਮੁਕਤ, ਈ-ਵੀਜਾ ਜਾਂ ਵੀਜਾ ਆੱਨ ਅਰਾਈਵਲ ਦੀ ਸੁਵਿਧਾ ਦੇ ਰਹੇ ਹਨ। ਇਸ ਨਾਵ ਵਿਦੇਸ਼ਾਂ ਵਿੱਚ ਸੈਰ-ਸਪਾਟੇ ਦਾ ਗ੍ਰਾਫ ਵਧਣ ਦੀ ਉਮੀਦ ਕੀਤੀ ਜਾ ਸਕਦੀ ਹੈ। ਵਿਦੇਸ਼ ਮੰਤਰਾਲੇ ਦੇ ਅੰਕੜਿਆਂ ਦੇ ਅਨੁਸਾਰ ਬੀਤੇ 10 ਸਾਲਾਂ ਵਿੱਚ ਭਾਰਤੀਆਂ ਦੇ ਲਈ ਵੀਜ਼ਾ ਪ੍ਰਕਿਰਿਆਂ ਆਸਾਨ ਬਣਾਉਣ ਵਾਲੇ ਦੇਸ਼ਾਂ ਦੀ ਗਿਣਤੀ ਵਿੱਚ ਦੁੱਗਣਾ ਵਾਧਾ ਹੋਇਆ। 2013-14 ਦੌਰਾਨ 58 ਦੇਸ਼ ਅਜਿਹੀ ਸੁਵਿਧਾ ਦੇ ਰਹੇ ਸਨ। ਹੁਣ ਇਹਨਾਂ ਦੀ ਗਿਣਤੀ 124 ਹੋ ਗਈ ਹੈ। ਹੁਣ 58 ਦੇਸ਼ ਭਾਰਤੀਆਂ ਨੂੰ ਈ-ਵੀਜਾ ਸੁਵਿਧਾ ਦੇ ਰਹੇ ਹਨ। ਇਹਨਾਂ ਵਿੱਚ ਰੂਸ, ਆਸਟਰੇਲਿਆ, ਜਾਪਾਨ, ਹਾਂਗਕਾਂਗ, ਇੰਡੋਨੇਸ਼ੀਆਂ,ਮਲੇਸ਼ੀਆਂ, ਨਿਊਜ਼ੀਲੈਂਡ ਅਤੇ ਯੂਏਈ ਪ੍ਰਮੁੱਖ ਰੂਪ ਨਾਲ ਸ਼ਾਮਲ ਹਨ। 26 ਦੇਸ਼ਾਂ ਨੇ ਵੀਜਾ ਮੁਕਤ ਯਾਤਰਾ ਦੀ ਸ਼ੁਰੂਆਤ ਕੀਤੀ ਹੈ। ਇਹਨਾਂ ਵਿੱਚ ਥਾਈਲੈਂਡ, ਕਜ਼ਾਕਿਸਤਾਨ, ਇਰਾਨ, ਭੂਟਾਨ ਆਦਿ ਸ਼ਾਮਲ ਹਨ। 40 ਦੇਸ਼ ਵੀਜ਼ਾ ਆੱਨ ਅਰਾਈਵਲ ਸੁਵਿਧਾ ਦੇ ਰਹੇ ਹਨ। ਇਹਨਾਂ ਵਿੱਚ ਮਿਸਰ, ਮਾਰੀਸ਼ਸ, ਸਾਊਦੀ ਅਰਬ, ਕਤਰ, ਓਮਾਨ, ਮੰਗੋਲੀਆ ਆਦਿ ਦੇਸ਼ ਹਨ।

### ਘੁੰਮਣ ਦੀ ਬਜਾਇ ਨੌਕਰੀ ਕਰਨ ਵਾਲਿਆਂ ਤੇ ਸਖਤੀ

ਯੂਏਈ ਨੇ ਦੁੱਬਈ ਦੇ ਲਈ ਯਾਤਰੀ ਵੀਜ਼ਾ ਅਰਜ਼ੀਆਂ ਦੀ ਪ੍ਰਕਿਰਿਆਂ ਸਖ਼ਤ ਕਰ ਦਿੱਤੀ ਹੈ। ਇਸਦੇ ਚੱਲਦੇ ਖਾੜੀ ਜਾਣ ਵਾਲੇ ਭਾਰਤੀਆਂ ਦੇ ਵੀਜ਼ਾ ਫਾਰਮ ਖ਼ਾਰਜ ਹੋ ਰਹੇ ਹਨ। ਇਕ ਰਿਪੋਰਟ ਦੇ ਅਨੁਸਾਰ ਪਹਿਲਾ ਦੁਬਈ ਦੇ 99 ਪ੍ਰਤੀਸ਼ਤ ਵੀਜ਼ਾ ਅਰਜ਼ੀਆਂ ਨੂੰ ਮੰਜ਼ੂਰੀ ਦੇ ਦਿੱਤੀ ਜਾਂਦੀ ਸੀ, ਪਰ ਹੁਣ ਵੱਡੀ ਗਿਣਤੀ ਵਿੱਚ ਇਹਨਾਂ ਨੂੰ ਨਾ-ਮਨਜ਼ੂਰ ਕੀਤਾ ਜਾ ਰਿਹਾ ਹੈ। ਯੂਏਈ ਨੇ ਯਾਤਰੀਆਂ ਦੇ ਲ਼ਈ ਕਿਊਆਰ ਕੋਡ ਦੇ ਨਾਲ ਹੋਟਲ ਬੁਕਿੰਗ ਦਸਤਾਵੇਜ਼ ਅਤੇ ਵਾਪਸੀ ਟਿਕਟ ਦੀ ਪ੍ਰਾਪਤੀ ਲਾਜ਼ਮੀ ਕੀਤੀ ਹੈ।

# ਸੁਪਰੀਮ ਕੋਰਟ : ਮਹਿਲਾ ਅਫ਼ਸਰ ਨੂੰ ਦਿਓ ਪਰਮਾਨੇਂਟ ਕਮਿਸ਼ਨ

ਨਵੀਂ ਦਿੱਲੀ, 10 ਦਸੰਬਰ (ਜਸਵਿੰਦਰ ਸਿੰਘ ਬਿੱਟਾ)-ਸੁਪਰੀਮ ਕੋਰਟ ਨੇ ਇਕ ਮਹਿਲਾ ਆਰਮੀ ਲੈਫਟੀਨੇਂਟ ਕਰਨਲ ਨੂੰ ਪਰਮਾਨੇਂਟ ਕਮਿਸ਼ਨ ਦੇਣ ਦਾ ਹੁਕਮ ਦਿੱਤਾ ਹੈ। ਮਹਿਲਾ ਅਫ਼ਸਰ ਦਾ ਇਲਜ਼ਾਮ ਸੀ ਕਿ ਸਮਾਨ ਸਥਿਤੀ ਵਿੱਚ ਹੋਰ ਅਫਸਰਾਂ ਨੂੰ ਪਰਮਾਨੇਂਟ ਕਮਿਸ਼ਨ ਦਾ ਫਾਇਦਾ ਦਿੱਤਾ ਗਿਆ। ਕੋਰਟ ਨੇ ਕਿਹਾ ਕਿ ਜਦੋਂ ਦੂਸਰੇ ਅਧਿਕਾਰੀਆਂ ਨੂੰ ਸਥਾਈ ਕਮਿਸ਼ਨ ਅਤੇ ਉਮਰ ਦੀ ਛੂਟ ਦਾ ਫਾਇਦਾ ਦਿੱਤਾ ਗਿਆ, ਤਾਂ ਮਹਿਲਾ ਨੂੰ ਇਸ ਤੋਂ ਵਾਂਝਾ ਕਰਨਾ ਭੇਦਭਾਵ ਹੈ। ਸੁਪਰੀਮ ਕੋਰਟ ਨੇ ਹੁਕਮ ਨੂੰ ਚਾਰ ਹਫ਼ਤਿਆਂ ਵਿੱਚ ਲਾਗੂ ਕਰਨ ਨੂੰ ਕਿਹਾ ਹੈ। ਕੋਰਟ ਨੇ ਆਪਣੇ ਹੁਕਮ ਵਿੱਚ ਕਿਹਾ ਹੈ ਕਿ ਮਹਿਲਾ ਨੂੰ ਸਥਾਈ ਕਮਿਸ਼ਨ ਉਸ ਤਾਰੀਖ਼ ਤੋਂ ਦਿੱਤਾ ਜਾਵੇਗਾ ਜਿਸ ਤਾਰੀਖ਼ ਤੋਂ ਸਮਾਨ ਪਰਿਸਥਿੱਤੀਆਂ ਵਾਲੇ ਦੂਸਰੇ ਅਧਿਕਾਰੀਆਂ ਨੂੰ ਇਹ ਲਾਭ ਦਿੱਤਾ ਗਿਆ ਹੈ। ਸੁਪਰੀਮ ਕੋਰਟ ਨੇ ਅਨੁਛੇਦ -142 ਮਤਲਬ ਆਪਣੀ ਵਿਸ਼ੇਸ ਸ਼ਕਤੀ ਦਾ ਇਸਤੇਮਾਲ ਕਰਦੇ ਹੋਏ ਇਹ ਹੁਕਮ ਦਿੱਤਾ ਹੈ । ਮਾਮਲੇ ਵਿੱਚ ਦਾਖ਼ਲ ਪਟੀਸ਼ਨ ਵਿੱਚ ਕਿਹਾ ਗਿਆ ਸੀ ਕਿ 2008 ਤੋਂ ਐਸ.ਐਸ.ਸੀ ਅਧਿਕਾਰੀ ਦੇ ਰੂਪ ਵਿੱਚ ਆਰਮੀ ਡੇਂਟਲ ਕੈਂਪਸ ਵਿੱਚ ਸ਼ਾਮਲ ਹੋਈ। ਸਥਾਈ ਕਮਿਸ਼ਨ ਪਾਉਣ ਦੇ ਤਿੰਨ ਮੌਕੇ ਮਿਲਣੇ ਚਾਹੀਦੇ ਸਨ । 2013 ਵਿੱਚ ਨੀਤੀ ਵਿੱਚ ਸੰਸ਼ੋਧਨ ਦੇ ਬਾਅਦ ਉਹਨਾਂ ਨੂੰ ਤੀਸਰਾ ਮੌਕਾ ਨਹੀਂ ਦਿੱਤਾ ਗਿਆ, ਜਦਕਿ ਸਮਾਨ ਪਰਿਸਥਿੱਤੀਆਂ ਵਿੱਚ ਰਹੇ ਦੂਸਰੇ ਅਧਿਕਾਰੀਆਂ ਨੂੰ ਇਹ ਮੌਕਾ ਮਿਲਿਆ।

# ਕੋਰਟ ਨੇ ਪੁੱਛਿਆ : ਰੋਜ਼ਗਾਰ ਕਿਉਂ ਨਹੀਂ, ਫਰੀ ਰਾਸ਼ਨ ਕਦੋਂ ਤੱਕ

ਨਵੀਂ ਦਿੱਲੀ, 10 ਦਸੰਬਰ (ਜਸਵਿੰਦਰ ਸਿੰਘ ਬਿੱਟਾ)- ਸੁਪਰੀਮ ਕੋਰਟ ਨੇ ਕੋਵਿਡ ਮਹਾਂਮਾਰੀ ਦੇ ਸਮੇਂ ਤੋਂ ਫ?ਰੀ ਰਾਸ਼ਨ ਲੈਣ ਵਾਲੇ ਪ੍ਰਵਾਸੀ ਮਜ਼ਦੂਰਾਂ ਦੇ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਤੇ ਜ਼ੋਰ ਦਿੱਤਾ। ਸੋਮਵਾਰ ਨੂੰ ਕੋਰਟ ਨੇ ਪੁੱਛਿਆ ਕਿ ਕਦੋਂ ਤੱਕ ਫਰੀ ਸਹੂਲਤ ਦਿੱਤੀ ਜਾ ਸਕਦੀ ਹੈ।' ਬੈਚ ਉਸ ਸਮੇ ਹੈਰਾਨ ਰਹਿ ਗਈ, ਜਦੋਂ ਕੇਂਦਰ ਨੇ ਕੋਰਟ ਨੂੰ ਦੱਸਿਆ ਕਿ ਨੈਸ਼ਨਲ ਫੂਡ ਸਕਿਰਓਟੀ ਐਕਟ 2013 ਦੇ ਤਹਿਤ 81 ਕਰੋੜ ਲੋਕਾਂ ਨੂੰ ਮੁਫ਼ਤ ਜਾਂ ਰਿਆਇਤ ਦਰ ਤੇ ਰਾਸ਼ਨ ਦਿੱਤਾ ਜਾ ਰਿਹਾ ਹੈ। ਕੋਰਟ ਨੇ ਕਿਹਾ ਕਿ ਇਸਦਾ ਮਤਲਬ ਹੈ ਕਿ ਕੇਵਲ ਟੈਕਸ ਦਾਤਾ ਹੀ ਇਸਦੇ ਦਾਇਰੇ ਤੋਂ ਬਾਹਰ ਰਹਿ ਗਏ ਹਨ। ਬੈਚ ਨੇ ਕਿਹਾ ਕਿ ਕਦੋਂ ਤੱਕ ਫਰੀ ਸਹੂਲਤਾਂ ਦਿੱਤੀਆਂ ਜਾ ਸਕਦੀਆਂ ਹਨ ਅਸੀਂ ਇਹਨਾਂ ਪ੍ਰਵਾਸੀ ਮਜ਼ਦੂਰਾਂ ਦੇ ਲਈ ਨੌਕਰੀ ਦੇ ਮੌਕੇ, ਰੋਜ਼ਗਾਰ ਅਤੇ ਸ਼ਕਤੀ ਨਿਰਮਾਣ ਦੇ ਲਈ ਕੰਮ ਕਿਉਂ ਨਹੀਂ ਕਰਦੇ ਕਰੋਨਾ ਮਹਾਮਾਰੀ ਦੇ ਦੌਰਾਨ ਪ੍ਰਵਾਸੀ ਮਜ਼ੂਦਰਾਂ ਦੀਆਂ ਸਮੱਸਿਆਂ ਅਤੇ ਦਸ਼ਾ ਨਾਲ ਜੁੜੇ ਮਾਮਲੇ ਵਿੱਚ ਇਕ ਗੈਰ ਸਰਕਾਰੀ ਸੰਗਠਨ ਦੇ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਕਿਹਾ ਕਿ ਸਾਰੇ ਪ੍ਰਵਾਸੀ ਮਜ਼ਦੂਰਾਂ ਨੂੰ ਫਰੀ ਰਾਸ਼ਨ ਉਪਲੱਬਧ ਕਰਵਾਉਂਣ ਦੇ ਲਈ ਨਿਰਦੇਸ਼ ਜਾਰੀ ਕਰਨ ਦੀ ਜ਼ਰੂਰਤ ਹੈ।



**ਤਾਂ ਮਜ਼ਦੂਰ ਵਾਪਸ ਚਲੇ ਜਾਣਗੇ : ਅਦਾਲਤ**

ਜਸਟਿਸ ਸੂਰਯਕਾਂਤ ਨੇ ਸੁਣਵਾਈ ਦੇ ਦੌਰਾਨ ਕਿਹਾ 'ਜਿਸ ਸਮੇਂ ਅਸੀਂ ਰਾਜਾਂ ਨੂੰ ਸਾਰੇ ਪ੍ਰਵਾਸੀ ਮਜ਼ਦੂਰਾ ਨੂੰ ਫਰੀ ਰਾਸ਼ਨ ਉਪਲੱਬਧ ਕਰਵਾਉਣ ਦੇ ਨਿਰਦੇਸ਼ ਦੇਵਾਂਗੇ, ਇੱਕ ਵੀ ਪ੍ਰਵਾਸੀ ਮਜ਼ਦੂਰ ਇੱਥੇ ਨਹੀਂ ਦਿਖੇਗਾ। ਉਹ ਵਾਪਸ ਚਲੇ ਜਾਣਗੇ। ਲੋਕਾਂ ਨੂੰ ਲੁਭਾਉਣ ਦੇ ਲਈ ਰਾਜ ਰਾਸ਼ਨ ਕਾਰਡ ਜਾਰੀ ਕਰ ਸਕਦੇ ਹਨ, ਕਿਉਂਕਿ ਉਹ ਚੰਗੀ ਤਰ੍ਹਾਂ ਜਾਣਦੇ ਹਨ ਕਿ ਫਰੀ ਰਾਸ਼ਨ ਉਪਲੱਬਧ ਕਰਵਾਉਣ ਦੀ ਜਿੰਮੇਵਾਰੀ ਕੇਂਦਰ ਦੀ ਹੈ।' ਵਕੀਲਾਂ ਦੇ ਵਿਚਾਲੇ ਤਿੱਖੀ ਬਹਿਸ ਹੋਈ ਤਾਂ ਕੋਰਟ ਨੇ ਦਖ਼ਲ ਵੀ ਦਿੱਤਾ।

# ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਬਾਰੇ ਸੁਝਾਅ ਐੱਨ.ਟੀ.ਐੱਫ ਨਾਲ ਸਾਂਝੇ ਕੀਤੇ ਜਾਣ: ਸੁਪਰੀਮ ਕੋਰਟ

ਨਵੀਂ ਦਿੱਲੀ, 10 ਦਸੰਬਰ (ਜਸਵਿੰਦਰ ਸਿੰਘ ਬਿੱਟਾ)-ਸੁਪਰੀਮ ਕੋਰਟ ਨੇ ਹਸਪਤਾਲਾਂ ਵਿਚ ਡਾਕਟਰਾਂ ਤੇ ਮੈਡੀਕਲ ਸਟਾਫ ਦੀ ਸੁਰੱਖਿਆ ਦੇ ਮੱਦੇਨਜ਼ਰ ਤੇ ਜਿਨਸੀ ਹਿੰਸਾ ਨੂੰ ਰੋਕਣ ਲਈ ਪਾਰਟੀਆਂ ਨੂੰ ਆਪਣੀਆਂ ਸਿਫਾਰਸ਼ਾਂ ਅਤੇ ਸੁਝਾਅ ਅਦਾਲਤ ਵੱਲੋਂ ਨਿਯੁਕਤ ਕੌਮੀ ਟਾਸਕ ਫੋਰਸ (ਐਨ.ਟੀ.ਐਫ) ਨਾਲ ਸਾਂਝੇ ਕਰਨ ਲਈ ਕਿਹਾ ਹੈ। ਚੀਫ਼ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਦੇ ਬੈਂਚ ਨੇ ਕਿਹਾ ਕਿ ਇਸ ਸਬੰਧੀ ਐਨ.ਟੀ.ਐਫ ਆਪਣੀ ਰਿਪੋਰਟ ਅੱਜ ਤੋਂ 12 ਹਫ਼ਤਿਆਂ ਅੰਦਰ ਦਾਇਰ ਕਰੇਗਾ। ਦੱਸਣਾ ਬਣਦਾ ਹੈ ਕਿ ਸਰਵਉਚ ਅਦਾਲਤ ਨੇ ਕੋਲਕਾਤਾ ਦੇ ਆਰਜੀ ਕਰ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਇੱਕ ਟਰੇਨੀ ਡਾਕਟਰ ਨਾਲ ਜਬਰ ਜਨਾਹ ਅਤੇ ਹੱਤਿਆ ਦੇ ਮੱਦੇਨਜ਼ਰ ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਪ੍ਰੋਟੋਕੋਲ ਤਿਆਰ ਕਰਨ ਲਈ 20 ਅਗਸਤ ਨੂੰ ਐਨ.ਟੀ.ਐਫ ਦਾ ਗਠਨ ਕੀਤਾ ਸੀ। ਚੀਫ ਜਸਟਿਸ ਨੇ ਇਸ ਮਾਮਲੇ ਦੀ ਆਪੇ ਸੁਣਵਾਈ ਕਰਦੇ ਹੋਏ ਕਿਹਾ ਕਿ ਇਸ ਕੇਸ ਦੀ ਅਗਲੀ ਸੁਣਵਾਈ 17 ਮਾਰਚ 2025 ਤੋਂ ਸ਼ੁਰੂ ਹੋਣ ਵਾਲੇ ਹਫ਼ਤੇ ਵਿੱਚ ਹੋਵੇਗੀ ਪਰ ਉਨ੍ਹਾਂ ਨਾਲ ਹੀ ਕਿਹਾ ਕਿ ਜੇ ਜਬਰ ਜਨਾਹ ਤੇ ਹੱਤਿਆ ਦੇ ਮਾਮਲੇ ਦੇ ਟਰਾਇਲ ਵਿੱਚ ਦੇਰੀ ਹੁੰਦੀ ਹੈ ਤਾਂ ਧਿਰਾਂ ਪਹਿਲਾਂ ਸੁਣਵਾਈ ਦੀ ਮੰਗ ਕਰ ਸਕਦੀਆਂ ਹਨ। ਇਸ ਤੋਂ ਪਹਿਲਾਂ ਐਨਟੀਐਫ ਨੇ ਨਵੰਬਰ ਵਿੱਚ ਜਮ?ਹਾਂ ਕਰਵਾਈ ਰਿਪੋਰਟ ਵਿੱਚ ਕਿਹਾ ਸੀ ਕਿ ਸਿਹਤ ਸੰਭਾਲ ਦੇ ਪੇਸ਼ੇਵਰਾਂ ਵਿਰੁੱਧ ਅਪਰਾਧਾਂ ਨਾਲ ਨਜਿੱਠਣ ਲਈ ਵੱਖਰੇ ਕੇਂਦਰੀ ਕਾਨੂੰਨ ਦੀ ਲੋੜ ਨਹੀਂ ਹੈ। ਪੈਨਲ ਨੇ ਕਿਹਾ ਕਿ ਸੂਬਿਆਂ ਦੇ ਕਾਨੂੰਨਾਂ ਵਿੱਚ ਭਾਰਤੀ ਨਿਆ ਸੰਹਿਤਾ 2023 ਤਹਿਤ ਗੰਭੀਰ ਅਪਰਾਧਾਂ ਤੋਂ ਇਲਾਵਾ ਰੋਜ਼ਾਨਾ ਹੋਣ ਵਾਲੇ ਛੋਟੇ ਅਪਰਾਧਾਂ ਨੂੰ ਹੱਲ ਕਰਨ ਲਈ ਢੁਕਵੇਂ ਪ੍ਰਬੰਧ ਹਨ।

Admission Open
Diploma in Naturopathy and Yoga.
Take Charge of Your Good Health. Keep Yourself and Your family Healthy without medicines. Also make Naturopathy your Career option

- Course duration 3 years including internship
- Eligibility : Age 18 years and above
- Qualification 12th pass in any stream
- . Online / Offline classes on weekends.
- Classes in English and Hindi

Aarogya Vidhya and Naturopathy Institute Mohali.
Contact 9779773404 / 8437413522
Email: aarogyavidhya1@gmail.com, Instagram: aarogyavidhya Facebook: aarogya vidhya and Naturopathy institute









# ਸਾਹਿਤਕ ਸਰਗਰਮੀਆਂ

## ਪੰਜਾਬੀ ਕਹਾਣੀ
## ਵਿੱਦਿਆ ਦਾ ਮੰਦਰ



ਰਾਣੋ ਦਾ ਬਾਪੂ ਜਨਕਾ ਪਿੰਡ ਵਿੱਚ ਲੰਬੜਦਾਰਾਂ ਦਾ ਸੀਰੀ ਲੱਗਿਆ ਹੋਇਆ ਸੀ ਤੇ ਮਾਂ ਵਿੱਦਿਆ ਦੇਵੀ ਉਨ੍ਹਾਂ ਹੀ ਲੰਬੜਦਾਰਾਂ ਦੇ ਘਰ ਗੋਹਾ-ਕੂੜਾ ਕਰਿਆ ਕਰਦੀ ਸੀ। ਰੱਬ ਵੱਲੋਂ ਵਿੱਦਿਆ ਦੇਵੀ ਦੇ ਘਰ ਕੋਈ ਹੋਰ ਸੰਤਾਨ ਨਹੀਂ ਹੋਈ, ਬਸ ਰਾਣੋ ਹੀ ਉਨ੍ਹਾਂ ਦੇ ਘਰ ਦੀ ਰੌਣਕ ਸੀ। ਰਾਣੋ ਆਪਣੀ ਮਾਂ ਦੇ ਨਾਲ-ਨਾਲ ਹੀ ਰਹਿੰਦੀ ਚਾਹੇ ਉਸ ਦੀ ਮਾਂ ਗੋਹਾ-ਕੂੜ ਕਿਉਂ ਨਾ ਕਰਦੀ ਹੋਵੇ। ਵਿੱਦਿਆ ਦੇਵੀ ਨੂੰ ਵੀ ਰਾਣੋ ਦਾ ਇੰਝ ਨਾਲ-ਨਾਲ ਹੀ ਰਹਿਣਾ ਚੰਗਾ ਲੱਗਦਾ। ਰਾਣੋ ਲੰਬੜਦਾਰਾਂ ਦੇ ਬੱਚਿਆਂ ਨੂੰ ਸਕੂਲ ਜਾਂਦੇ ਵੇਖ ਕੇ ਪੜ੍ਹਨ ਦੀ ਇੱਛਾ ਜ਼ਾਹਰ ਕਰਦੀ ਤਾਂ ਮਾਂ ਕਹਿੰਦੀ, "ਧੀਏ, ਅਸੀਂ ਗ਼ਰੀਬ ਲੋਕ ਹਾਂ। ਪੜ੍ਹਨਾ ਸਾਡੇ ਹਿੱਸੇ ਨਹੀਂ ਆਇਆ। ਇਹ ਵੱਡੇ ਲੋਕ ਹੁੰਦੇ ਨੇ ਜਿਹੜੇ ਸਕੂਲ ਵਿੱਚ ਪੜ੍ਹਨ ਜਾਂਦੇ ਨੇ।" ਇਹ ਕਹਿ ਕੇ ਉਸ ਨੂੰ ਚੁੱਪ ਕਰਵਾ ਦਿੰਦੀ। ਰਾਣੋ ਦੀ ਮਾਂ ਦਾ ਨਾਂ ਬੇਸ਼ੱਕ ਵਿੱਦਿਆ ਦੇਵੀ ਸੀ, ਪਰ ਵਿੱਦਿਆ ਦੇ ਅਰਥ ਅਤੇ ਅਹਿਮੀਅਤ ਦਾ ਉਸ ਨੂੰ ਕੋਈ ਪਤਾ ਨਹੀਂ ਸੀ।ਰਾਣੋ ਪੜ੍ਹਨਾ ਚਾਹੁੰਦੀ ਸੀ, ਪਰ ਉਸ ਦੀ ਆਸ ਉਸ ਨੂੰ ਆਪਣੀ ਮਾਂ ਵਿਦਿਆ ਦੇਵੀ ਤੋਂ ਬਿਲਕੁਲ ਵੀ ਨਹੀਂ ਸੀ ਜਾਪਦੀ।

ਲੰਬੜਦਾਰਾਂ ਦਾ ਵੱਡਾ ਮੁੰਡਾ ਹੁਸ਼ਿਆਰ ਸਿੰਘ ਸ਼ਹਿਰ ਰਹਿੰਦਾ ਸੀ। ਸਬੱਬੀਂ ਉਹ ਘਰ ਆਇਆ ਹੋਇਆ ਸੀ। ਉਸ ਨੂੰ ਰਾਣੋ ਦੀ ਪੜ੍ਹਨ ਦੀ ਖ਼ਾਹਿਸ਼ ਦਾ ਪਤਾ ਲੱਗਿਆ ਤਾਂ ਉਸ ਨੇ ਘਰ ਕੰਮ ਕਰਨ ਆਈ ਵਿੱਦਿਆ ਦੇਵੀ ਨੂੰ ਕਿਹਾ ਕਿ ਉਹ ਰਾਣੋ ਨੂੰ ਪੜ੍ਹਨ ਲਈ ਸਕੂਲ ਭੇਜਿਆ ਕਰੇ। ਉਹ ਰਾਣੋ ਦੇ ਲੀੜੇ-ਕੱਪੜੇ, ਕਿਤਾਬਾਂ, ਫੀਸ ਅਤੇ ਹੋਰ ਖਰਚਾ ਸਮੇਂ-ਸਮੇਂ 'ਤੇ ਦੇ ਦਿਆ ਕਰੇਗਾ। ਹੁਸ਼ਿਆਰ ਸਿੰਘ ਨੇ ਕੀਤੇ ਵਾਅਦੇ ਨੂੰ ਅਖੀਰ ਤੱਕ ਨਿਭਾਇਆ।ਰਾਣੋ ਪੜ੍ਹਦੀ-ਪੜ੍ਹਦੀ ਪੰਜਵੀਂ, ਦਸਵੀਂ ਅਤੇ ਫਿਰ ਚੰਗੇ ਨੰਬਰਾਂ ਵਿੱਚ ਬੀ.ਏ. ਕਰ ਗਈ। ਇਸ ਸਮੇਂ ਦੌਰਾਨ ਉਸ ਕੋਲੋਂ ਉਸ ਦੇ ਮਾਂ-ਬਾਪਦੋਵੇਂ ਹੀ ਵਾਰੋ-ਵਾਰੀ ਖੁੱਸ ਗਏ ਭਾਵ ਰੱਬ ਨੂੰ ਪਿਆਰੇ ਹੋ ਗਏ। ਇਸ ਕਾਰਨ ਉਹ ਇੱਕ ਵਾਰ ਤਾਂ ਧੁਰ ਅੰਦਰ ਤੱਕ ਟੁੱਟ ਗਈ, ਪਰ ਟੀਚੇ ਮਿੱਥ ਲੈਣ ਵਾਲਿਆਂ ਦੇ ਰਾਹ ਕੋਈ ਔਕੜ-ਮੁਸ਼ਕਿਲ ਕਦੇ ਵੀ ਨਹੀਂ ਰੋਕ ਸਕਦੀ। ਰਾਣੋ ਨੇ ਹੁਸ਼ਿਆਰ ਸਿੰਘ ਦੀ ਪ੍ਰੇਰਨਾ ਅਤੇ ਸਹਿਯੋਗ ਨਾਲ ਬੀ.ਐੱਡ. ਤੇ ਇਸ ਤੋਂ ਬਾਅਦ ਐੱਮ.ਏ. ਪੰਜਾਬੀ ਕਰ ਲਈ। ਹੁਣ ਉਹ ਸਰਕਾਰੀ ਨੌਕਰੀ ਦੀ ਭਾਲ ਵਿੱਚ ਸੀ। ਜਦ ਤੱਕ ਸਰਕਾਰੀ ਨੌਕਰੀ ਨਾ ਮਿਲੀ, ਉਸ ਨੇ ਪ੍ਰਾਈਵੇਟ ਕਾਲਜ ਵਿੱਚ ਮਿਲੀ ਬਤੌਰ ਪੰਜਾਬੀ ਲੈਕਚਰਾਰ ਨੌਕਰੀ ਸਵੀਕਾਰ ਕਰ ਲਈ। ਬੇਸ਼ੱਕ ਉਸ ਨੂੰ ਪਿੰਡ ਤੋਂ ਨੌਕਰੀ ਲਈ ਸ਼ਹਿਰ ਜਾਣ 'ਚ ਮੁਸ਼ਕਿਲ ਆ ਰਹੀ ਸੀ, ਪਰ ਉਹ ਮੁਸ਼ਕਿਲਾਂ ਨਾਲ ਟਕਰਾਉਣ ਦਾ ਵੱਲ ਬਾਖ਼ੂਬੀ ਜਾਣਦੀ ਸੀ। ਵਕਤ ਆਪਣੀ ਚਾਲ ਚੱਲਦਾ ਗਿਆ। ਭਾਵੇਂ ਰਾਣੋ ਨੂੰ ਸਰਕਾਰੀ ਨੌਕਰੀ ਨਹੀਂ ਮਿਲੀ ਸੀ, ਪਰ ਉਸ ਦੀ ਲਿਆਕਤ ਦੀ ਚਰਚਾ ਲਾਗੇ-ਲਾਗੇ ਦੇ ਸਾਰੇ ਪਿੰਡਾਂ ਵਿੱਚ ਹੋ ਰਹੀ ਸੀ ਕਿ ਉਹ ਕਿੰਝ ਗ਼ਰੀਬੀ ਹੰਢਾਉਂਦੀ ਹੋਈ ਅੱਵਲ ਦਰਜੇ ਦੀ ਪੜ੍ਹਾਈ ਕਰ ਗਈ। ਇਸ ਕਰਕੇ ਰਾਣੋ ਦਾ ਬਹੁਤ ਸਤਿਕਾਰ ਹੋ ਰਿਹਾ ਸੀ। ਉਸ ਨੂੰ ਵਧੀਆ-ਵਧੀਆ ਘਰਾਂ ਦੇ ਰਿਸ਼ਤੇ ਵੀ ਆ ਰਹੇ ਸਨ, ਪਰ ਉਸ ਨੇ ਇਸ ਫ਼ੈਸਲੇ ਦਾ ਅਖਤਿਆਰ ਹੁਸ਼ਿਆਰ ਸਿੰਘ ਨੂੰ ਦੇ ਦਿੱਤਾ ਸੀ ਕਿਉਂਕਿ ਉਹ ਆਪਣੇ ਇਸ ਜੀਵਨ ਨੂੰ ਉਸ ਦੇ ਗਿਰਵੀ ਮੰਨਦੀ ਸੀ।ਸਹੀ ਸਮਾਂ ਤੇ ਸਹੀ ਰਿਸ਼ਤਾ ਵੇਖ ਹੁਸ਼ਿਆਰ ਸਿੰਘ ਨੇ ਰਾਣੋ ਦਾ ਰਿਸ਼ਤਾ ਉਸ ਪ੍ਰਾਈਵੇਟ ਕਾਲਜ ਦੇ ਮਾਲਕ ਦੇ ਹੋਣਹਾਰ ਪੁੱਤਰ ਹਰੀਸ਼ ਨਾਲ ਉਸ ਦੇ ਪੂਰੇ ਪਰਿਵਾਰ ਦੀ ਸਹਿਮਤੀ ਨਾਲ ਪੱਕਾ ਕਰ ਦਿੱਤਾ ਜਿਸ ਕਾਲਜ ਵਿੱਚ ਰਾਣੋ ਲੈਕਚਰਾਰ ਸੀ। ਕੁਝ ਸਮੇਂ ਬਾਅਦ ਹੀ ਹਰੀਸ਼ ਤੇ ਰਾਣੋ ਦਾ ਵਿਆਹ ਬੜੇ ਸਾਦੇ ਢੰਗ ਨਾਲ ਹੋ ਗਿਆ। ਹੁਣ ਰਾਣੋ ਉਸ ਕਾਲਜ ਦੀ ਮਾਲਕ ਬਣ ਗਈ ਸੀ ਜਿੱਥੇ ਉਹ ਕਦੇ ਨੌਕਰੀ ਕਰਿਆ ਕਰਦੀ ਸੀ। ਉਹ ਪਹਿਲਾਂ ਤੋਂ ਵੀ ਵੱਧ ਮਿਹਨਤ ਨਾਲ ਕਾਲਜ ਦੀ ਬਿਹਤਰੀ ਲਈ ਕੰਮ ਕਰਨ ਲੱਗੀ। ਨਤੀਜੇ ਵਜੋਂ ਉਸ ਕਾਲਜ ਵਿੱਚ ਸਿਖਿਆਰਥੀਆਂ ਦੀ ਗਿਣਤੀ ਪਹਿਲਾਂ ਨਾਲੋਂ ਦੁੱਗਣੀ ਹੋ ਗਈ।

ਹੁਣ ਰਾਣੋ ਨੂੰ ਆਉਣ-ਜਾਣ ਲਈ ਗੱਡੀ ਅਤੇ ਇੱਕ ਡਰਾਈਵਰ ਮਿਲ ਗਿਆ ਸੀ। ਉਸ ਨੇ ਆਪਣੇ ਸੰਕਲਪ ਮੁਤਾਬਿਕ ਆਪਣੇ ਜੱਦੀ ਘਰ ਜਿੱਥੇ ਆਪਣੇ ਮਾਪਿਆਂ ਨਾਲ ਬਚਪਨ ਦੇ ਅਤਿ ਗ਼ਰੀਬੀ ਭਰੇ ਦਿਨ ਗੁਜ਼ਾਰੇ ਸਨ, ਵਿੱਚ ਉਸ ਨੇ ਮੁਫ਼ਤ ਟਿਊਸ਼ਨ ਸੈਂਟਰ ਖੋਲ੍ਹ ਦਿੱਤਾ ਸੀ। ਇਸ ਦਾ ਨਾਮ 'ਵਿੱਦਿਆ ਮੁਫ਼ਤ ਟਿਊਸ਼ਨ ਸੈਂਟਰ' ਆਪਣੀ ਮਾਂ ਦੇ ਨਾਮ 'ਤੇ ਰੱਖਿਆ ਸੀ ਜਿਸ ਨੂੰ ਉਹ ਬਹੁਤ ਪਿਆਰ ਕਰਦੀ ਸੀ। ਉਹ ਚਾਹੁੰਦੀ ਸੀ ਕਿ ਪੜ੍ਹਾਈ ਨੂੰ ਗ਼ਰੀਬਾਂ ਦੀ ਪਹੁੰਚ ਤੋਂ ਬਹੁਤ ਦੂਰ ਸਮਝਣ ਵਾਲੀ ਉਸ ਦੀ ਮਾਂ ਦੇ ਨਾਮ 'ਤੇ ਬਣੇ ਇਸ ਟਿਊਸ਼ਨ ਸੈਂਟਰ ਤੋਂ ਉਹ ਬੱਚੇ ਪੜ੍ਹਾਈ ਕਰ ਸਕਣ ਜੋ ਗ਼ਰੀਬੀ ਕਾਰਨ ਪੜ੍ਹਾਈ ਬਾਰੇ ਸੋਚ ਵੀ ਨਹੀਂ ਸਕਦੇ। ਇਸ ਟਿਊਸ਼ਨ ਸੈਂਟਰ ਵਿੱਚ ਉਹ ਕਾਲਜ 'ਚੋਂ ਛੁੱਟੀ ਹੋਣ ਤੋਂ ਬਾਅਦ ਜਾਂਦੀ ਸੀ। ਇਸ ਟਿਊਸ਼ਨ ਸੈਂਟਰ ਵਿੱਚ ਹਰ ਬੱਚਾ ਮੁਫ਼ਤ ਪੜ੍ਹਾਈ ਕਰ ਸਕਦਾ ਸੀ।ਉਸ ਨੇ ਇੱਕ ਹੋਰ ਵਿਲੱਖਣ ਕੰਮ ਕੀਤਾ ਸੀ ਜਿਸ ਵਿੱਚ ਵੱਡੀਆਂ ਕਲਾਸਾਂ ਨੂੰ ਉਹ ਖ਼ੁਦ ਪੜ੍ਹਾਉਂਦੀ ਸੀ ਅਤੇ ਛੋਟੀਆਂ ਕਲਾਸਾਂ ਨੂੰ ਵੱਡੀਆਂ ਕਲਾਸਾਂ ਦੇ ਬੱਚੇ ਪੜ੍ਹਾਉਂਦੇ ਸਨ, ਇਉਂ ਇਸ ਟਿਊਸ਼ਨ ਸੈਂਟਰ ਦਾ ਲੋਕ ਭਰਪੂਰ ਲਾਭ ਉਠਾ ਰਹੇ ਸਨ।

ਓਧਰ ਹੁਸ਼ਿਆਰ ਸਿੰਘ ਦੇ ਆਪਣੇ ਕੋਈ ਬੱਚਾ ਨਹੀਂ ਸੀ। ਉਹ ਆਪਣੇ ਹੱਥੀਂ ਲਾਏ ਇਸ ਵਿੱਦਿਆ ਦੇ ਬੂਟੇ ਨੂੰ ਵਧਦਾ-ਫੁੱਲਦਾ ਵੇਖ ਕੇ ਬਹੁਤ ਖ਼ੁਸ਼ ਹੋ ਰਿਹਾ ਸੀ। ਇੱਕ ਦਿਨ ਹੁਸ਼ਿਆਰ ਸਿੰਘ ਨੇ ਫੋਨ ਕਰਕੇ ਰਾਣੋ ਨੂੰ ਘਰ ਬੁਲਾਇਆ ਅਤੇ ਉਸ ਨੂੰ ਆਪਣੇ ਕੋਲ ਬਿਠਾ ਕਹਿਣ ਲੱਗਾ, "ਧੀਏ, ਕਈ ਵਾਰ ਬੱਚੇ ਸਾਡੇ ਖ਼ੂਨ ਤੋਂ ਪੈਦਾ ਨਾ ਹੋ ਕੇ ਵੀ ਆਪਣੇ ਬੱਚੇ ਬਣ ਜਾਂਦੇ ਨੇ। ਮੈਨੂੰ ਪਰਮਾਤਮਾ ਨੇ ਔਲਾਦ ਨਹੀਂ ਦਿੱਤੀ। ਕਦੇ ਮੈਨੂੰ ਇਸ ਦਾ ਪਰਮਾਤਮਾ ਨਾਲ ਬਹੁਤ ਰੰਜ ਸੀ, ਪਰ ਜਦੋਂ ਤੋਂ ਮੈਂ ਤੈਨੂੰ ਦਿਲ ਹੀ ਦਿਲ ਵਿੱਚ ਆਪਣੀ ਧੀ ਸਵੀਕਾਰਿਆ ਹੈ ਓਦੋਂ ਤੋਂ ਮੈਂ ਉਸ ਵਾਹਿਗੁਰੂ ਦਾ ਸ਼ੁਕਰਗੁਜ਼ਾਰ ਹਾਂ ਜਿਸ ਨੇ ਤੇਰੇ ਵਰਗੀ ਨੇਕ ਧੀ ਦਾ ਅਮੋਲਕ ਗਹਿਣਾ ਮੇਰੀ ਝੋਲੀ ਪਾਇਆ ਏ। ਧੀਏ, ਮੈਂ ਤੇਰੀਆਂ ਪ੍ਰਾਪਤੀਆਂ ਤੋਂ ਬਹੁਤ ਖ਼ੁਸ਼ ਹਾਂ ਅਤੇ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਹ ਵਿੱਦਿਆ ਦਾ ਮੰਦਿਰ ਵਿੱਦਿਆ ਦਾ ਦਾਨ ਸਦਾ-ਸਦਾ ਹੀ ਵੰਡਦਾ ਰਹੇ।" ਇਸ ਤਰ੍ਹਾਂ ਦੀਆਂ ਭਾਵੁਕ ਗੱਲਾਂ ਕਰਦੇ-ਕਰਦੇ ਹੀ ਹੁਸ਼ਿਆਰ ਸਿੰਘ ਨੂੰ ਇਕਦਮ ਦਿਲ ਦਾ ਦੌਰਾ ਪਿਆ ਜਿਸ ਕਾਰਨ ਉਸ ਦੀ ਰਾਣੋ ਦੇ ਹੱਥਾਂ ਵਿੱਚ ਹੀ ਮੌਤ ਹੋ ਗਈ। ਭੋਗ ਉਪਰੰਤ ਹੁਸ਼ਿਆਰ ਸਿੰਘ ਦੀ ਪਤਨੀ ਨੇ ਉਸ ਦੀ ਕਰਵਾਈ ਵਸੀਅਤ ਰਾਣੋ ਦੇ ਹੱਥ ਫੜਾਈ ਤਾਂ ਉਸ ਦੀਆਂ ਅੱਖਾਂ ਵਿੱਚੋਂ ਹੰਝੂ ਪਰਲ-ਪਰਲ ਵਹਿ ਰਹੇ ਸਨ। ਹੁਸ਼ਿਆਰ ਸਿੰਘ ਨੇ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਦੀ ਵਾਰਿਸ ਰਾਣੋ ਨੂੰ ਬਣਾਇਆ ਹੋਇਆ ਸੀ। ਉਹ ਸੋਚਣ ਲੱਗੀ, 'ਹੇ ਪਰਮਾਤਮਾ, ਤੇਰੇ ਰੰਗ ਨਿਆਰੇ ਹਨ। ਕਦੇ ਪੜ੍ਹਾਈ ਨੂੰ ਤਰਸਦੀ ਇੱਕ ਕੁੜੀ ਅੱਜ ਵਿਦਿਆ ਦਾ ਦਾਨ ਵੰਡ ਰਹੀ ਹੈ। ਇੱਕ ਬਾਪ ਦੁਨੀਆ ਤੋਂ ਤੁਰ ਜਾਣ ਤੋਂ ਬਾਅਦ ਦੋ ਬਾਪ ਦੇ ਦਿੱਤੇ ਜੋ ਮੇਰੇ ਜੀਵਨ ਵਿੱਚ ਚਾਨਣ ਹੀ ਚਾਨਣ ਭਰ ਗਏ'।

ਅੱਜ ਰਾਣੋ ਦੇ ਆਪਣੇ ਦੋਵੇਂ ਬੱਚੇ ਪੜ੍ਹ ਲਿਖ ਗਏ। ਪੁੱਤਰ ਐਲ.ਐਲ.ਬੀ. ਕਰਕੇ ਵਕਾਲਤ ਕਰ ਰਿਹਾ ਹੈ ਅਤੇ ਧੀ ਪੜ੍ਹ-ਲਿਖ ਕੇ ਉਸ ਦੇ ਆਪਣੇ ਕਾਲਜ ਵਿੱਚ ਬਤੌਰ ਚੇਅਰਮੈਨ ਸੇਵਾ ਨਿਭਾਅ ਰਹੀ ਹੈ। ਰਾਣੋ ਅਤੇ ਹਰੀਸ਼ ਦੋਵੇਂ ਕਦੇ ਸ਼ਹਿਰ, ਕਦੇ ਪਿੰਡ ਅਤੇ ਕਦੇ ਹੁਸ਼ਿਆਰ ਸਿੰਘ ਦੇ ਘਰ ਚਲੇ ਜਾਂਦੇ। ਹੁਸ਼ਿਆਰ ਸਿੰਘ ਦੀ ਪਤਨੀ ਨੂੰ ਵੀ ਜਿਵੇਂ ਉਨ੍ਹਾਂ ਨੂੰ ਮਿਲ ਕੇ ਜਿਉਣ ਦੀ ਹੋਰ ਆਸ ਮਿਲ ਜਾਂਦੀ।

ਉਹ ਦੋਵੇਂ ਹੁਣ ਸੇਵਾਮੁਕਤੀ ਜੀਵਨ ਵਾਂਗ ਵਿਚਰ ਰਹੇ ਹਨ, ਪਰ ਰਾਣੋ ਅੱਜ ਵੀ ਪਿੰਡ ਵਾਲੇ ਮੁਫ਼ਤ ਟਿਊਸ਼ਨ ਸੈਂਟਰ ਦੀ ਦੇਖ-ਰੇਖਆਪ ਕਰਦਿਆਂ ਮਾਂ-ਬਾਪ ਨੂੰ ਆਪਣੇ ਅੰਗ-ਸੰਗ ਮਹਿਸੂਸ ਕਰਦੀ ਹੈ।

**ਵਿਸ਼ਵ ਪੰਜਾਬੀ ਸਾਂਝ**
**ਕੈਨੇਡਾ ਫੀਚਰ**

## ਕਵਿਤਾ

ਪੂਰਨਿਆਂ ਬਿਨ ਸੁੰਦਰ ਲਿਖਤ ਕਿਆਸੀ ਨਹੀਂ ਜਾਂਦੀ
ਖਿਆਲਾਂ ਵਿੱਚ ਬਿਨ ਮੁੜ੍ਹਕੇ ਕਲਾ ਤਰਾਸ਼ੀ ਨਹੀਂ ਜਾਂਦੀ
ਪਾਣੀ ਜੀਵਨ ਦਾਤਾ, ਰੁੱਖ ਆਸਰਾ-ਘਰਹੁੰਦੇ,
ਐਵੇਂ ਕੱਲ੍ਹੀ ਖੂਹ ਵੱਲ ਚਿੜੀ ਪਿਆਸੀ ਨਹੀਂ ਜਾਂਦੀ
ਜ਼ਹਿਰੀ ਸਾਹਵਾਂ ਬਣੀਆਂ ਦਿੱਲੀ ਅਤੇ ਲਾਹੌਰ ਦੀਆਂ
ਚੰਡੀਗੜ੍ਹ ਹੋਊ ਕਦੇ ਸਮੋਗ ਕਿਆਸੀ ਨਹੀਂ ਜਾਂਦੀ
ਲਾਗੇ ਰੋਜ਼ੀ ਹੁੰਦੀ ਤਾਂ ਘਰ ਖੋਲ੍ਹੇ ਨਾ ਬਣਦੇ,
ਵੱਡੀ ਉਮਰੇ ਹੁੱਬਕੀਂ ਮਾਂ ਪਰਵਾਸੀਂ ਨਹੀਂ ਜਾਂਦੀ
ਵੈਰ ਛੱਡਕੇ ਭਾਗੋਆਂ ਹੱਥ ਮਿਲਾ ਲਏ ਲੱਗਦੇ ਨੇ
ਨਹੀਂ ਤਾਂ ਬਾਂਦਰ ਦੇ ਘਰ ਬਿੱਲੀ ਮਾਸੀ ਨਹੀਂ ਜਾਂਦੀ
ਗ਼ਲਤ ਨੂੰ ਨਾਂਹ ਕਹਿਣਾ ਤੇ ਅੜ੍ਹਨਾ ਔਰਤ ਨੂੰ ਪੈਣਾ
ਦਾਸੀ ਬਣਿਆਂ ਹੱਕ 'ਚ, ਬੰਦ-ਖਲਾਸੀਨਹੀਂ ਜਾਂਦੀ
ਖ਼ੂਨ ਵੱਟੇ ਜਿਸ ਕੌਮ ਤਾਰਿਆ ਮੁੱਲ ਆਜ਼ਾਦੀ ਦਾ,
ਨਸਲਕੁਸ਼ੀ ਦੀ ਜ਼ਿਹਨੋਂ ਯਾਦ ਚੁਰਾਸੀ ਨਹੀਂ ਜਾਂਦੀ
ਫੁਕਰੀ, ਝੂਠ ਦੀ ਸ਼ੋਹਰਤ ਆਖ਼ ?ਰ ਬੇਪਰਦਾ ਹੋ ਜਾਏ
ਮਿਹਨਤ ਬਿਨਾਂ ਤਰੱਕੀ ਤਾਂ ਜਗਿਆਸੀ ਨਹੀਂ ਜਾਂਦੀ
ਪਾਣੀ ਬਦਲੇ ਝੋਨਾ ਸੀ ਉਗਵਾਇਆ ਜੀਹਨਾਂ ਨੇ,
ਧੋਖਾ ਦੇ ਗਏ 'ਰੱਤੜਾ' ਮਨੋਂ ਉਦਾਸੀ ਨਹੀਂ ਜਾਂਦੀ।

**ਕੇਵਲ ਸਿੰਘ ਰੱਤੜਾ**

## ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

**ਲਿਖਤਾਂ ਭੇਜਣ ਲਈ ਈਮੇਲ ਪਤਾ**
**vishavPunjabisanjh@gmail.com**

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ

## ਕਵਿਤਾ ਪਰਛਾਵੇਂ

ਤੂੰ ਸਾਡਾ ਏਂ ਸੱਜਣ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ
ਮਨ ਨਹੀਂ ਮੰਨਦਾ ਫੇਰ ਵੀ ਤੇਰੇ ਸੰਗ ਰਹਿਣਾ ਪੈ ਰਿਹਾ
ਪਲ ਪਲ ਮਰਦੇ ਟੁੱਟਦੇ ਢਹਿੰਦੇ ਹਾਂ ਤੇਰੇ ਦਿੱਤੇ ਜ਼ਖ਼ਮਾਂ ਤੋਂ
ਫੱਟ ਲੱਗੇ ਨੇ ਡੂੰਘੇ ਬੜਾ ਰੂਹ ਨੂੰ ਦਰਦ ਸਹਿਣਾ ਪੈ ਰਿਹਾ
ਤੂੰ ਸਾਡਾ ਹੋ ਕੇ ਵੀ ਯਾਰਾ ਕਦੇ ਸਾਡਾ ਨਹੀਂ ਬਣਿਆ
ਸਿੱਲੀ ਅੱਖ ਤੇ ਰੋਂਦੇ ਦਿਲ ਨੂੰ ਆਖ਼ਰ ਕਹਿਣਾ ਪੈ ਰਿਹਾ
ਅਸੀਂ ਰੂਹ ਤੋਂ ਚਾਹੁੰਦੇ ਸੀ ਤੂੰ ਪਿਆਰ ਹੀ ਜਿਸਮਾਂ ਨੂੰ ਕਰਦਾ ਸੀ
ਏਸੇ ਕਰਕੇ ਹੀ ਸੱਜਣਾ ਚੰਦਰੇ ਵਕ ?ਤ ਦੇ ਹੱਥੋਂ ਢਹਿਣਾ ਪੈ ਰਿਹਾ
ਬੇਗਾਨਿਆਂ ਤੋਂ ਵੱਧ ਖ਼ਤਰਾ ਅੱਜਕੱਲ੍ਹ ਆਪਣਿਆਂ ਤੋਂ ਲੱਗਦਾ ਏ
ਏਸੇ ਕਰਕੇ ਜਿੰਦੜੀ ਨੂੰ ਦੁੱਖਾਂ ਦੇ ਪਰਛਾਵੇਂ ਸੰਗ ਬਹਿਣਾ ਪੈ ਰਿਹਾ
ਹੱਥੀਂ ਦੇ ਕੇ ਪਾਣੀ ਜਦ ਮਾਲੀ ਹੀ ਕੁਚਲ ਜਾਵੇ ਫੁੱਲਾਂ ਨੂੰ
ਤਾਂ ਹੀ ਬਗੀਚੀ ਨੂੰ ਕੰਡਿਆਲੀ ਤਾਰ ਦਾ ਸਹਾਰਾ ਲੈਣਾ ਪੈ ਰਿਹਾ
ਕੀ ਦੋਸ਼ ਕਿਸੇ ਨੂੰ ਏਥੇ ਆਪਣੇ ਛੁਰੀਆਂ ਪਿੱਠ ਪਿੱਛੇ ਚਲਾਉਂਦੇ ਨੇ
ਤਾਹੀਓਂ ਪੈਰ ਪੈਰ 'ਤੇ ਲੱਧੇ ਵਾਲੇ ਸੰਧੂਆ ਧੋਖਾ ਸਹਿਣਾ ਪੈ ਰਿਹਾ।

**ਬਲਤੇਜ ਸੰਧੂ ਬੁਰਜ ਲੱਧਾ**


AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
NET WT
POIDS NET
9.07 KG
(20 LB)
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS

# BRAMPTON CASH AND CARRY

| | |
|---|---|
| **WHOLESALER** | **IMPORTER** |
| **DISTRIBUTOR** | **RETAILER** |

**Wholesaler, Importer, Distributor & Retailer of Restaurants Supply**








BRAMPTON
CASH & CARRY

Brampton CashandCarry2023@gmail.com

905-230-4800

100 Kennedy Road S., Brampton, ON L6W 3E7

HURRY!

SPECIAL OFFER

BRAMPTON CASH & CARRY
Importer | Wholesaler | Retailer

**WHITE ONION– 50 POUND**

**22 $**




**BUY NOW**

T&C APPLY

100 Kennedy Rd S,
Brampton, ON L6W 3E7, Canada

905-230-4800

HURRY!

SPECIAL OFFER

BRAMPTON CASH & CARRY
Importer | Wholesaler | Retailer

**BRAR BESAN SUPER FINE**

**9.99 $**




**BRAR SWEET CORN FLOUR**




**4.99 $**

**SHER WHITE WHOLE WHEAT ATTA**

**15.99 $**




**BUY NOW**

T&C APPLY

100 Kennedy Rd S,
Brampton, ON L6W 3E7, Canada

905-230-4800


AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
NET WT POIDS NET 9.07 KG (20 LB)
6HR SOFTNESS
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS